**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਰਕਾਰੀ ਹਾਈ ਸਕੂਲ ਮੌਜਮ ਵਿਖੇ ਕਰਵਾਏ ਗਏ ਦਸਤਾਰਬੰਦੀ ਮੁਕਾਬਲੇ**

ਫਾਜ਼ਿਲਕਾ, 19 ਅਪ੍ਰੈਲ

ਗੁਰੂ ਤੇਗ ਬਹਾਦਰ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਕੂਲੀ ਬਚਿਆਂ ਵਿਚਕਾਰ ਆਨਲਾਈਨ ਮੁਕਾਬਲੇ ਕਰਵਾਏ ਜਾ ਰਹੇ ਹਨ।ਇਸੇ ਲੜੀ ਤਹਿਤ ਸਰਕਾਰੀ ਹਾਈ ਸਕੂਲ ਮੌਜਮ ਵਿਖੇ ਦਸਤਾਰਬੰਦੀ ਮੁਕਾਬਲਾ ਕਰਵਾਏ ਗਏ।ਇਹ ਮੁਕਾਬਲੇ ਸਕੂਲ ਮੁਖੀ ਮਨਜਿੰਦਰ ਸਿੰਘ ਅਤੇ ਸਕੂਲ ਦੀ ਅਧਿਆਪਕਾ ਮੈਡਮ ਗਗਨਜੋਤ ਕੌਰ ਦੀ ਅਗਵਾਈ ਹੇਠ ਕਰਵਾਏ ਗਏ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਬੱਡੀ ਦੇ ਨੋਡਲ ਅਫਸਰ ਸ੍ਰੀ ਵਿਜੈ ਪਾਲ ਅਤੇ ਕੁਆਰਡੀਨੇਟਰ ਸ੍ਰੀ ਗੁਰਛਿੰਦਰ ਪਾਲ ਸਿੰਘ ਨੇ ਦੱਸਿਆ ਕਿ ਮੁਕਾਬਲੇ ਕਰਵਾਉਣ ਦਾ ਮੰਤਵ ਵਿਦਿਆਰਥੀਆਂ ਨੂੰ ਗੁਰੂ ਦੀਆਂ ਸਿਖਿਆਵਾਂ, ਉਨ੍ਹਾਂ ਦੀ ਜੀਵਨੀ, ਸਿਧਾਂਤਾਂ ਅਤੇ ਉਪਦੇਸ਼ਾਂ ’ਤੇ ਚਲਣ ਵੱਲ ਪ੍ਰੇਰਿਤ ਕਰਨਾ ਹੈ ਤਾਂ ਜੋ ਵਿਦਿਆਰਥੀਆਂ ਅੰਦਰ ਸਚਾਈ ਦੇ ਰਾਹਾਂ ’ਤੇ ਚਲਣ ਦੀ ਮਨਸ਼ਾ ਪੈਦਾ ਹੋ ਸਕੇ। ਉਨ੍ਹਾਂ ਕਿਹਾ ਕਿ ਮੁਕਾਬਲਿਆਂ ਕਰਵਾਉਣ ਨਾਲ ਵਿਦਿਆਰਥੀ ਵਰਗ ਧਾਰਮਿਕ ਭਾਵਨਾ ਨਾਲ ਜੁੜਿਆ ਰਹੇ ਅਤੇ ਹਰ ਕਿਸੇ ਦਾ ਭਲਾ ਕਰਨ ਲਈ ਤੱਤਪਰ ਤਿਆਰ ਰਹੇ।

ਉਨ੍ਹਾਂ ਦੱਸਿਆ ਕਿ ਕਰਵਾਏ ਗਏ ਆਨਲਾਈਨ ਦਸਤਾਰਬੰਦੀ ਮੁਕਾਬਲਿਆਂ ਵਿਚ ਦਸਵੀਂ ਜਮਾਤ ਦੇ ਅਮਨਦੀਪ ਸਿੰਘ ਨੇ ਪਹਿਲਾ ਸਥਾਨ, ਸਤਵੀ ਜਮਾਤ ਦੇ ਵਿਦਿਆਰਥੀ ਅੰਸ਼ ਧਵਨ ਨੇ ਦੂਸਰਾ ਅਤੇ ਛੇਵੀਂ ਜਮਾਤ ਦੇ ਸੁਖਮਨ ਨੇ ਤੀਸਰਾ ਸਥਾਨ ਹਾਸਲ ਕੀਤਾ।ਇਸ ਦੌਰਾਨ ਵਿਦਿਆਰਥੀਆਂ ਵੱਲੋਂ ਮੁਕਾਬਲਿਆਂ ਵਿਚ ਪਾਈ ਗਈ ਹਿਸੇਦਾਰੀ ਨੂੰ ਦੇਖਦਿਆਂ ਸਕੂਲ ਇੰਚਾਰਜਾਂ ਵੱਲੋਂ ਵਿਦਿਆਰਥੀਆਂ ਦੀ ਸ਼ਲਾਘਾ ਕੀਤੀ ਗਈ।



**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਮੰਡੀਆਂ ਵਿਖੇ ਕਿਸਾਨਾਂ ਦੀ ਸਿਹਤ ਸੁਰੱਖਿਆ ਲਈ ਲਗਾਇਆ ਗਿਆ ਵੈਕਸੀਨੇਸ਼ਨ ਕੈਂਪ**

**ਕਿਸਾਨਾਂ ਨੂੰ ਮੰਡੀਆਂ ਵਿਖੇ ਸਾਵਧਾਨੀਆਂ ਵਰਤਣ ਦੀ ਅਪੀਲ**

ਅਬੋਹਰ, ਫਾਜ਼ਿਲਕਾ, 19 ਅਪ੍ਰੈਲ

ਡਿਪਟੀ ਕਮਿਸ਼ਨਰ ਸ. ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਕਣਕ ਦੀ ਖਰੀਦ ਪ੍ਰਕਿਰਿਆ ਨੂੰ ਲੈ ਕੇ ਜਿਥੇ ਕਿਸਾਨਾਂ ਲਈ ਪੁਖਤਾ ਪ੍ਰਬੰਧ ਕੀਤੇ ਗਏ ਹਨ ਉਥੇ ਕਰੋਨਾ ਦੇ ਮੱਦੇਨਜਰ ਸਭ ਦੀ ਸਿਹਤ ਸੁਰੱਖਿਆ ਨੂੰ ਲੈ ਕੇ ਵੀ ਕੜੇ ਪ੍ਰਬੰਧ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿਖੇ ਕਰੋਨਾ ਵੈਕਸੀਨੇਸ਼ਨ ਦੇ ਕੈਂਪ ਲਗਾਏ ਜਾ ਰਹੇ ਹਨ ਜਿਥੇ 45 ਸਾਲ ਤੋਂ ਵੱਧ ਉਮਰ ਦੇ ਵਿਅਕਤੀਆਂ ਨੂੰ ਵੈਕਸੀਨ ਲਗਾਈ ਜਾ ਰਹੀ ਹੈ।

ਉਨ੍ਹਾਂ ਦੱਸਿਆ ਕਿ ਕਰੋਨਾ ਮਹਾਂਮਾਰੀ ਦੇ ਬਾਵਜੂਦ ਕਣਕ ਦੇ ਖਰੀਦ ਸੀਜਨ ਨੂੰ ਸਫਲਤਾਪੂਰਵਕ ਬਣਾਉਣ ਲਈ ਜਿਲ੍ਹਾ ਪ੍ਰਸ਼ਾਸਨ ਵੱਲੋਂ ਹਰੇਕ ਯੋਗ ਕਦਮ ਚੁੱਕੇ ਗਏ ਹਨ। ਉਨ੍ਹਾਂ ਦੱਸਿਆ ਕਿ ਮੰਡੀਆਂ ਵਿਚ ਆਪਣੀ ਫਸਲ ਲੈ ਕੇ ਆਏ ਕਿਸਾਨਾਂ, ਮਜ਼ਦੂਰਾਂ, ਲੇਬਰ ਵਰਕਰਾਂ, ਆੜਤੀਆਂ ਆਦਿ ਕਾਮਿਆਂ ਦੀ ਸਿਹਤ ਸੁਰੱਖਿਆ ਦੇ ਮਦੇਨਜਰ ਸਿਹਤ ਟੀਮਾਂ ਵੱਲੋਂ ਵੈਕਸੀਨੇਸ਼ਨ ਕਰਨ ਲਈ ਕੈਂਪ ਲਗਾਏ ਜਾ ਰਹੇ ਹਨ।

ਡਿਪਟੀ ਕਮਿਸ਼ਨਰ ਸ. ਸੰਧੂ ਨੇ ਦੱਸਿਆ ਕਿ ਅੱਜ ਮਾਰਕੀਟ ਕਮੇਟੀ ਅਬੋਹਰ ਵਿਖੇ ਵੈਕਸੀਨੇਸ਼ਨ ਕੈਂਪ ਲਗਾਇਆ ਗਿਆ ਜਿਸ ਵਿਚ ਆਪਣੀ ਫਸਲ ਲੈ ਕੇ ਆਉਣ ਵਾਲੇ ਕਿਸਾਨਾਂ, ਮਜ਼ਦੂਰਾਂ, ਆੜਤੀਆਂ ਨੂੰ ਵੈਕਸੀਨ ਲਗਾਈ ਗਈ। ਉਨ੍ਹਾਂ ਦੱਸਿਆ ਕਿ ਕੈਂਪ ਦੌਰਾਨ ਹਾਜ਼ਰੀਨ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਕਿ 45 ਸਾਲ ਤੋਂ ਵੱਧ ਉਮਰ ਦੇ ਵਿਅਕਤੀ ਵੈਕਸੀਨ ਜ਼ਰੂਰ ਲਗਵਾਉਣ ਤਾਂ ਜੋ ਕਰੋਨਾ ਵਾਇਰਸ ਦੇ ਫੈਲਾਅ ਤੋਂ ਬਚਿਆ ਜਾ ਸਕੇ।

ਉਨ੍ਹਾਂ ਕਿਹਾ ਕਿ ਕਿਸਾਨ ਵੀਰ ਮੰਡੀ ਵਿਖੇ ਮਾਸਕ ਜਾਂ ਕਪੜੇ ਜਾਂ ਆਪਣੇ ਪਰਨੇ ਨਾਲ ਆਪਣਾ ਮੂੰਹ ਢੰਕ ਕੇ ਰੱਖਣ ਤਾਂ ਜੋ ਮਿਟੀ ਜਾਂ ਉਡਣ ਵਾਲੀ ਧੂਲ ਮੂੰਹ `ਚ ਨਾ ਜਾ ਸਕੇ ਅਤੇ ਮੰਡੀ ਵਿਖੇ ਸਮਾਜਿਕ ਦੂਰੀ ਬਣਾ ਕੇ ਰੱਖੀ ਜਾਵੇ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਫਸਲ ਵੇਚਣ ਦੇ ਨਾਲ-ਨਾਲ ਆਪਣੀ ਸਿਹਤ ਦੀ ਸੁਰੱਖਿਆ ਦੀ ਰੱਖਣੀ ਜ਼ਰੂਰੀ ਹੈ, ਜੇਕਰ ਸਿਹਤ ਤੰਦਰੁਸਤ ਰਹੇਗੀ ਤਾਂ ਹੀ ਖੇਤੀ ਕੀਤੀ ਜਾ ਸਕੇਗੀ।



**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਪਿੰਡ ਦੋਨਾ ਨਾਨਕਾ ਦੇ ਨੰਨ੍ਹੇ ਕਲਾਕਾਰਾਂ ਵੱਲੋਂ ਸ਼ਹਿਰ ਵਾਸੀਆਂ ਨੂੰ ਸਰਕਾਰੀ ਸਕੂਲਾਂ ਵਿੱਚ ਬੱਚੇ ਦਾਖਲ ਕਰਵਾਉਣ ਲਈ ਪ੍ਰੇਰਿਆ**

ਫਾਜ਼ਿਲਕਾ, 19 ਅਪ੍ਰੈਲ:
ਸਿੱਖਿਆ ਮੰਤਰੀ ਸ੍ਰੀ ਵਿਜੈ ਇੰਦਰ ਸਿੰਗਲਾ ਦੀ ਰਹਿਨੁਮਾਈ ਅਤੇ ਸਕੱਤਰ ਸਕੂਲ ਸਿੱਖਿਆ ਸ੍ਰੀ ਕ੍ਰਿਸ਼ਨ ਕੁਮਾਰ ਦੀ ਯੋਗ ਅਗਵਾਈ ਵਿੱਚ ਸਿੱਖਿਆ ਵਿਭਾਗ ਪੰਜਾਬ ਵੱਲੋਂ ਸਰਕਾਰੀ ਸਕੂਲਾਂ ਵਿਚ ਦਾਖਲਿਆਂ ਨੂੰ ਬੜਾਵਾ ਦੇਣ ਲਈ ਸ਼ੁਰੂ ਕੀਤੀ ਈਚ ਵੰਨ ਬਰਿੰਗ ਵੰਨ ਮੁਹਿੰਮ ਤਹਿਤ ਜਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਫਾਜਿਲਕਾ ਡਾਂ ਸੁਖਵੀਰ ਸਿੰਘ ਬੱਲ ਨੈਸ਼ਨਲ ਅਵਾਰਡੀ ਦੀ ਪ੍ਰੇਰਨਾ ਸਦਕਾ ਉੱਪ ਜਿਲ੍ਹਾ ਸਿੱਖਿਆ ਅਫਸਰ ਐਲੀਮੈਂਟਰੀ ਮੈਡਮ ਅੰਜੂ ਸੇਠੀ ਅਤੇ ਬੀਪੀਈਓ ਸਤੀਸ਼ ਮਿਗਲਾਨੀ ਦੀ ਦੇਖਰੇਖ ਹੇਠ ਗਤੀਵਿਧੀਆਂ ਉਲੀਕੀਆਂ ਜਾ ਰਹੀਆਂ ਹਨ।
ਫਾਜ਼ਿਲਕਾ ਜ਼ਿਲ੍ਹੇ ਦੇ ਸਰਹੱਦੀ ਪਿੰਡ ਦੋਨਾ ਨਾਨਕਾ ਦੀ ਨੁੱਕੜ ਨਾਟਕ ਟੀਮ ਵੱਲੋਂ ਫਾਜਿਲਕਾ ਦੇ ਸਕੂਲ ਨੰਬਰ 3 ਦੀ ਸੀਐਚਟੀ ਮੈਡਮ ਪੁਸ਼ਪਾ ਕੁਮਾਰੀ ਦੇ ਸਹਿਯੋਗ ਨਾਲ ਰਾਧਾ ਸੁਆਮੀ ਕਲੋਨੀ, ਨਾਮਦੇਵ ਨਗਰ ਆਦਿ ਏਰੀਆ ਵਿੱਚ ਨੁੱਕੜ ਨਾਟਕ ਈਚ ਵੰਨ ਬਰਿੰਗ ਵੰਨ ਰਾਹੀਂ ਸਰਕਾਰੀ ਸਕੂਲਾਂ ਵਿੱਚ ਮਿਲ ਰਹੀਆਂ ਸੁਵਿਧਾਵਾਂ ਅਤੇ ਪੜਾਈ ਸੰਬੰਧੀ ਗੱਲਾਂ ਪੇਸ਼ ਕੀਤੀਆਂ। ਇਸ ਨਾਟਕ ਨੂੰ ਸਕੂਲ ਦੇ ਅਧਿਆਪਕ ਸੁਨੀਲ ਕੁਮਾਰ ਨੇ ਵਿਸ਼ੇਸ਼ ਤੋਰ `ਤੇ ਲਿਖਿਆ ਅਤੇ ਬੱਚਿਆਂ ਦੇ ਸਹਿਯੋਗ ਨਾਲ ਇਸ ਦਾ ਮੰਚਨ ਕੀਤਾ ਗਿਆ। ਇਸ ਨਾਟਕ ਦੇ ਮੰਚਨ ਰਾਹੀ ਸ਼ਹਿਰ ਵਾਸੀਆਂ ਅਤੇ ਪਤਵੰਤਿਆਂ ਸਾਹਮਣੇ ਪੇਸ਼ਕਾਰੀ ਕੀਤੀ ਗਈ ਕਿ ਪਿਛਲੇ ਸਮੇਂ ਵਿੱਚ ਸਰਕਾਰੀ ਸਕੂਲਾਂ ਵਿੱਚ ਬਹੁਤ ਤਬਦੀਲੀਆਂ ਆ ਚੁੱਕੀਆਂ ਹਨ ਅਤੇ ਸਕੂਲਾਂ ਨੂੰ ਸਮਾਰਟ ਸਕੂਲ ਬਣਾਉਣ ਲਈ ਉੱਚ ਪਾਏ ਦੀਆਂ ਸੁਵਿਧਾਵਾਂ ਵੀ ਦਿੱਤੀਆਂ ਗਈਆਂ ਹਨ।
ਜਿਲ੍ਹਾ ਸਿੱਖਿਆ ਅਫਸਰ ਡਾ. ਬੱਲ ਨੇ ਦੱਸਿਆ ਕਿ ਸਕੂਲ ਵਿੱਚ ਈ-ਕੰਟੈਂਟ ਅਤੇ ਪ੍ਰੋਜੈਕਟਰ ਦੁਆਰਾ ਪੜ੍ਹਾਈ ਕਰਵਾਈ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਸਕੂਲਾਂ ਦਾ ਸਾਫ਼ ਸੁਥਰਾ ਵਾਤਾਵਰਨ, ਖੇਡਾਂ ਦਾ ਪ੍ਰਬੰਧ, ਸ਼ਾਨਦਾਰ ਬਿਲਡਿੰਗਾਂ ਮੌਜੂਦ ਹਨ।ਵਿਦਿਆਰਥੀਆਂ ਦੀ ਸ਼ਖਸੀਅਤ ਨੂੰ ਨਿਖਾਰਨ ਲਈ ਸਹਿ ਵਿੱਦਿਅਕ ਕਿਰਿਆਵਾਂ ਗਿੱਧਾ, ਭੰਗੜਾ, ਨਾਟਕ, ਖੇਡਾਂ, ਵਿੱਦਿਅਕ ਟੂਰ, ਭਾਸ਼ਨ ਅਤੇ ਹੋਰ ਵਿੱਦਿਅਕ ਮੁਕਾਬਲੇ ਵੀ ਕਰਵਾਏ ਜਾਂਦੇ ਹਨ। ਸਰਕਾਰੀ ਸਕੂਲਾਂ ਵਿੱਚ ਪੰਜਾਬੀ ਦੇ ਨਾਲ ਨਾਲ ਅੰਗਰੇਜ਼ੀ ਮਾਧਿਅਮ ਰਾਹੀਂ ਵੀ ਸਿੱਖਿਆ ਦਿੱਤੀ ਜਾ ਰਹੀ ਹੈ। ਸਰਕਾਰੀ ਸਕੂਲਾਂ ਦੇ ਬੱਚੇ ਫਰਾਟੇਦਾਰ ਅੰਗਰੇਜੀ ਬੋਲਣ ਲੱਗੇ ਹਨ। ਇਸ ਨੁੱਕੜ ਨਾਟਕ ਵਿੱਚ ਸਭ ਸਹੂਲਤਾਂ ਬਾਰੇ ਬਾਖੂਬੀ ਨਾਲ ਦੱਸਿਆ ਗਿਆ।
ਨੁੱਕੜ ਨਾਟਕ ਟੀਮ ਮੈਂਬਰ ਸੰਜਨਾ ਰਾਣੀ, ਸਾਨਿਆ, ਗੁਰਵਿੰਦਰ ਸਿੰਘ, ਪ੍ਰਿਅੰਕਾ ਰਾਣੀ, ਅਭਿਸ਼ੇਕ ਸਿੰਘ, ਰਿਪਨ ਸਿੰਘ, ਕਾਜਲ ਰਾਣੀ, ਕੋਮਲ ਰਾਣੀ, ਸੁਖਮਨਪ੍ਰੀਤ ਕੌਰ, ਰਿਮਜ ਕੌਰ, ਸੰਦੀਪ ਸਿੰਘ, ਸਾਨੀਆ ਨੰਨ੍ਹੇ ਕਲਾਕਾਰਾਂ ਵੱਲੋਂ  ਸ਼ਲਾਘਾਯੋਗ ਕੰਮ ਕੀਤਾ ਜਾ ਰਿਹਾਂ ਹੈ। ਇਸ ਮੌਕੇ ਸਕੂਲ ਨੰਬਰ 3 ਦੇ ਸੀਐਚਟੀ ਮੈਡਮ ਪੁਸ਼ਪਾ ਕੁਮਾਰੀ, ਸਟਾਫ ਮੈਂਬਰ ਮੈਡਮ ਸਵੀਟੀ, ਮੈਡਮ ਮਮਤਾ, ਪ੍ਰਸੰਨਤਾ ਅਤੇ ਸੌਰਭ ਧੂੜੀਆ ਹਾਜਰ ਸਨ। ਜਿਲ੍ਹਾ ਸ਼ੋਸ਼ਲ ਮੀਡੀਆ ਕੋਆਰਡੀਨੇਟਰ ਸਿਮਲਜੀਤ ਸਿੰਘ ਅਤੇ ਜਿਲ੍ਹਾ ਮੀਡੀਆ ਕੋਆਰਡੀਨੇਟਰ ਇਨਕਲਾਬ ਗਿੱਲ ਵੱਲੋ ਪੂਰਨ ਸਹਿਯੋਗ ਦਿੱਤਾ ਜਾ ਰਿਹਾ ਹੈ।



**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਕੋਵਿਡ 19 ਤੋਂ ਬਚਣ ਲਈ ਲੋਕਾਂ ਨੂੰ ਹਦਾਇਤਾਂ ਦੀ ਪਾਲਣਾ ਕਰਨ ਦੀ ਸਖਤ ਲੋੜ**

ਫਾਜ਼ਿਲਕਾ, 19 ਅਪ੍ਰੈਲ:

ਕੋਰੋਨਾ ਵਾਇਰਸ ਤੋਂ ਬਚਣ ਲਈ ਪ੍ਰਸ਼ਾਸਨ ਵੱਲੋਂ ਲੋਕਾਂ ਲਈ ਜਾਗਰੂਕਤਾ ਅਭਿਆਨ ਚਲਾਇਆ ਜਾ ਰਿਹਾ ਹੈ।ਲੋਕਾਂ ਨੂੰ ਜਿਥੇ ਟੈਸਟਿੰਗ ਕਰਵਾਉਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਉਥੇ ਵੈਕਸੀਨੇਸ਼ਨ ਲਗਵਾਉਣ ਲਈ ਕੈਂਪ ਆਯੋਜਿਤ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਸਿਹਤ ਵਿਭਾਗ ਅਤੇ ਪੁਲਿਸ ਪ੍ਰਸ਼ਾਸਨ ਵੱਲੋਂ ਸਾਂਝੇ ਤੌਰ `ਤੇ ਬੱਸ ਸਟੈਂਡ ਵਿਖੇ ਕਰੋਨਾ ਮੁਕਤ ਜਾਗਰੂਕਤਾ ਮੁਹਿੰਮ ਚਲਾਈ ਗਈ।

ਇਸ ਮੌਕੇ ਜ਼ਿਲ੍ਹਾ ਪੁਲਿਸ ਮੁਖੀ ਸ. ਹਰਜੀਤ ਸਿੰਘ ਅਤੇ ਸਿਵਲ ਸਰਜਨ ਫਾਜ਼ਿਲਕਾ ਡਾ. ਹਰਜਿੰਦਰ ਸਿੰਘ ਨੇ ਬੱਸ ਡਰਾਈਵਰਾਂ ਅਤੇ ਯਾਤਰੀਆਂ ਨੂੰ ਸਰਕਾਰ ਦੀਆਂ ਹਦਾਇਤਾਂ ਜਿਵੇਂ ਕਿ ਹੱਥ ਧੋਣ ਅਤੇ ਸਮਾਜਿਕ ਦੂਰੀ ਬਣਾਈ ਰੱਖਣ ਲਈ ਕਿਹਾ। ਉਨ੍ਹਾਂ ਕਿਹਾ ਕਿ ਤਾਲਾਬੰਦੀ ਜਿਹੀ ਸਥਿਤੀ ਤੋਂ ਬਚਣ ਲਈ ਸਾਨੂੰ ਸਾਵਧਾਨੀਆਂ ਵਰਤਣੀਆਂ ਚਾਹੀਦੀਆਂ ਹਨ।ਉਨ੍ਹਾਂ ਕਿਹਾ ਕਿ ਸਾਵਧਾਨੀਆਂ ਦੀ ਪਾਲਣਾ ਦੇ ਨਾਲ-ਨਾਲ ਯੋਗ ਵਿਅਕਤੀਆਂ ਨੂੰ ਟੀਕਾਕਰਨ ਵੀ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ 45 ਸਾਲ ਤੋਂ ਵੱਧ ਉਮਰ ਦੇ ਲੋਕਾਂ ਨੂੰ ਟੀਕਾਕਰਣ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਦੱਸਿਆ ਕਿ ਇਹ ਟੀਕਾਕਰਨ ਹਰ ਰੋਜ਼ਾਨਾ ਸਰਕਾਰੀ ਹਸਪਤਾਲਾਂ ਵਿਚ ਮੁਫਤ ਕੀਤਾ ਜਾ ਰਿਹਾ ਹੈ।

ਐਸਐਸਪੀ ਸ੍ਰੀ ਹਰਜੀਤ ਸਿੰਘ ਨੇ ਕਿਹਾ ਕਿ ਲੋਕਾਂ ਨੂੰ ਪੁਲਿਸ ਪ੍ਰਸ਼ਾਸਨ ਦਾ ਸਹਿਯੋਗ ਦੇਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਰੋਨਾ ਵਿਰੁੱਧ ਲੜਾਈ ਸਿਰਫ ਲੋਕਾਂ ਦੇ ਸਹਿਯੋਗ ਨਾਲ ਹੀ ਲੜੀ ਜਾ ਸਕਦੀ ਹੈ। ਇਸ ਲਈ ਲੋਕਾਂ ਨੂੰ ਮਾਸਕ ਦੀ ਵਰਤੋਂ ਦੇ ਨਾਲ-ਨਾਲ ਹੋਰ ਸਾਵਧਾਨੀਟਾਂ ਦੀ ਪਾਲਣਾ ਜ਼ਰੂਰ ਕਰਨੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਜਿਸ ਨਾਗਰਿਕ ਵੱਲੋਂ ਮਾਸਕ ਦੀ ਵਰਤੋਂ ਨਾ ਕੀਤੀ ਗਈ ਤਾਂ ਉਸਦਾ ਚਲਾਨ ਕਟਿਆ ਜਾਵੇਗਾ।ਇਸ ਮੌਕੇ ਲੋਕਾਂ ਨੂੰ ਮਾਸਕ ਵੀ ਵੰਡੇ ਗਏ।

ਜ਼ਿਲ੍ਹਾ ਮਾਸ ਮੀਡੀਆ ਅਧਿਕਾਰੀ ਅਨਿਲ ਧਾਮੂ ਨੇ ਕਿਹਾ ਕਿ ਲੱਛਣ ਪਾਏ ਜਾਣ `ਤੇ ਹਰ ਵਿਅਕਤੀ ਨੂੰ ਆਪਣਾ ਟੈਸਟ ਕਰਵਾਉਣਾ ਚਾਹੀਦਾ ਹੈ ਅਤੇ ਜੋ ਵਿਅਕਤੀ ਪਾਜੀਟਿਵ ਮਰੀਜ਼ ਦੇ ਸੰਪਰਕ ਵਿੱਚ ਆਉਂਦਾ ਹੈ ਤਾਂ ਉਸਨੂੰ ਵੀ ਆਪਣਾ ਟੈਸਟ ਕਰਵਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਸਮੇਂ ਸਿਰ ਟੈਸਟਿੰਗ ਕਰਵਾ ਕੇ ਲੋੜੀਂਦਾ ਇਲਾਜ ਲੈ ਕੇ ਕਰੋਨਾ ਨੂੰ ਹਰਾਇਆ ਜਾ ਸਕਦਾ ਹੈ।

ਇਸ ਮੌਕੇ ਸਿਹਤ ਵਿਭਾਗ ਤੋਂ ਸੁਮਨ ਕੁਮਾਰ, ਸੁਖਵਿੰਦਰ ਅਤੇ ਬੱਸ ਅੱਡੇ ਦੇ ਅਧਿਕਾਰੀ ਮੌਜੂਦ ਸਨ।





**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ**

**ਅਬੋਹਰ ਸ਼ਹਿਰ ਨੂੰ ਸੁੰਦਰ ਬਣਾਉਣ ਲਈ ਨਗਰ ਨਿਗਮ ਵੱਲੋਂ ਉਪਰਾਲੇ ਜਾਰੀ**

**ਆਈ.ਆਈ.ਐਸ.ਈ.ਆਰ. ਦੀ ਟੀਮ ਨਾਲ ਕੀਤੀ ਗਈ ਸੰਖੇਪ ਵਿਚ ਵਿਚਾਰ-ਚਰਚਾ**

ਅਬੋਹਰ, ਫਾਜ਼ਿਲਕਾ, 19 ਅਪ੍ਰੈਲ:

ਨਗਰ ਨਿਗਮ ਦੇ ਕਮਿਸ਼ਨਰ ਸ੍ਰੀ ਅਭਿਜੀਤ ਕਪਲਿਸ਼ ਦੀ ਅਗਵਾਈ ਹੇਠ ਅਬੋਹਰ ਸ਼ਹਿਰ ਨੂੰ ਸੁੰਦਰ ਬਣਾਉਣ ਲਈ ਅਹਿਮ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਅਬੋਹਰ ਸ਼ਹਿਰ ਨੂੰ ਵਿਕਾਸ ਦੀ ਲੀਹਾਂ ਵੱਲ ਲਿਜਾਉਣ ਲਈ ਪੁਰਜ਼ੋਰ ਯਤਨ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਅਬੋਹਰ ਸ਼ਹਿਰ ਦੀਆਂ ਧਰੋਹਰ ਥਾਵਾਂ ਤੇ ਵਿਰਾਸਤ ਨੂੰ ਸੰਭਾਲਣ ਲਈ ਵੀ ਵਿਸ਼ੇਸ਼ ਕਦਮ ਪੁੱਟੇ ਜਾ ਰਹੇ ਹਨ।

ਉਨ੍ਹਾਂ ਦੱਸਿਆ ਕਿ ਇੰਡੀਅਨ ਇੰਸਟੀਚਿਊਟ ਸਾਇੰਸ ਐਜੂਕੇਸ਼ਨ ਤੇ ਰਿਸਰਚ (ਆਈ.ਆਈ.ਐਸ.ਈ.ਆਰ.) ਮੋਹਾਲੀ ਦੇ ਸਹਿਯੋਗ ਨਾਲ ਅਬੋਹਰ ਦੀ ਦਿਖ ਨੂੰ ਬਦਲਣ ਲਈ ਸ਼ੁਰੂ ਕੀਤੇ ਗਏ ਪ੍ਰੋਜੈਕਟ ਨੂੰ ਸਫਲਤਾਪੂਰਵਕ ਲਾਗੂ ਕਰਨ ਲਈ ਜੰਗੀ ਪੱਧਰ `ਤੇ ਕੰਮ ਜਾਰੀ ਹੈ।ਉਨ੍ਹਾਂ ਕਿਹਾ ਕਿ ਆਈ.ਆਈ.ਐਸ.ਈ.ਆਰ. ਦੀ ਟੀਮ ਵੱਲੋਂ ਅੱਜ ਅਬੋਹਰ ਵਿਖੇ ਪਹੁੰਚ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਟੀਮ ਨਾਲ ਸ਼ਹਿਰ ਨੂੰ ਆਧੁਨਿਕ ਦਿੱਖ ਦੇਣ ਦੇ ਨਾਲ-ਨਾਲ ਇਸ ਦੀ ਵਿਰਾਸਤ ਨੂੰ ਵੀ ਸੰਭਾਲਦੇ ਹੋਏ ਸ਼ਹਿਰੀਆਂ ਨੂੰ ਬਿਹਤਰੀਨ ਸਹੂਲਤਾਂ ਮੁਹਈਆਂ ਕਰਵਾਉਣ ਦੇ ਮੰਤਵ ਤਹਿਤ ਵਿਚਾਰ-ਚਰਚਾ ਕੀਤੀ ਗਈ।

ਉਨ੍ਹਾਂ ਦੱਸਿਆ ਕਿ ਪ੍ਰੋਜੈਕਟ ਦੇ ਲਾਗੂ ਹੋਣ ਨਾਲ ਅਬੋਹਰ ਸ਼ਹਿਰ ਦੀ ਦਿਖ ਬਦਲ ਜਾਵੇਗੀ ਅਤੇ ਸ਼ਹਿਰ ਦੀ ਰੂਪ ਰੇਖਾ ਹੋਰ ਬਿਹਤਰ ਨਜਰ ਆਵੇਗੀ। ਉਨ੍ਹਾਂ ਕਿਹਾ ਕਿ ਟੀਮ ਵੱਲੋਂ ਵਿਕਾਸ ਪ੍ਰੋਜੈਕਟਾਂ ਵਾਲੇ ਸਥਾਨਾਂ ਦਾ ਦੌਰਾ ਵੀ ਕੀਤਾ ਗਿਆ ਅਤੇ ਪ੍ਰੋਜੈਕਟਾਂ ਦੇ ਡਿਜ਼ਾਈਨਾਂ, ਆਰਕੀਟੈਕਟ, ਲੈਂਡ ਸਕੇਪ ਨੂੰ ਨਵੀ ਦਿਸ਼ਾ ਪ੍ਰਦਾਨ ਕਰਨ ਦੇ ਮੰਤਵ ਤਹਿਤ ਸੰਖੇਪ ਵਿਚ ਵਿਚਾਰ ਵਟਾਂਦਰਾ ਵੀ ਕੀਤਾ ਗਿਆ।

ਇਸ ਮੌਕੇ ਡੀ.ਡੀ.ਐਫ ਸ੍ਰੀ ਸਿਧਾਂਤ, ਆਈ.ਆਈ.ਐਸ.ਈ.ਆਰ. ਦੇ ਟੀਮ ਲੀਡਰ ਡਾ. ਅਨੁ ਸਭਲੋਕ, ਸ੍ਰੀ ਜਿਤੇਸ਼ ਮਲਿਕ ਅਤੇ ਉਨ੍ਹਾਂ ਦੇ ਟੀਮ ਮੈਂਬਰ ਮੌਜੂਦ ਸਨ।





